


**ਸਕੂਲ ਸਿੱਖਿਆ ਵਿਭਾਗ ਦੇ ਸਿਟੀਜ਼ਨ ਚਾਰਟਰ ਨੂੰ ਲੋਕ-ਅਰਪਣ ਕਰਦੇ ਹੋਏ ਸਿੱਖਿਆ ਮੰਤਰੀ ਪੰਜਾਬ ਡਾ: ਦਲਜੀਤ ਸਿੰਘ ਚੀਮਾ।** ਤਸਵੀਰ : ਅਮਰਜੀਤ ਰਤਨ

# ਸਿੱਖਿਆ ਵਿਭਾਗ ਵੱਲੋਂ ਨਾਗਰਿਕਾਂ ਨੂੰ ਮਿਆਰੀ ਤੇ ਸਮਾਂਬੱਧ ਸੇਵਾਵਾਂ ਦੇਣ ਲਈ ਸਿਟੀਜ਼ਨ ਚਾਰਟਰ ਜਾਰੀ

ਐੱਸ. ਏ. ਐੱਸ. ਨਗਰ, 15 ਜੁਲਾਈ (ਤਰਵਿੰਦਰ ਸਿੰਘ ਬੈਨੀਪਾਲ)-ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਨੂੰ ਸਮਾਂਬੱਧ ਤੇ ਮਿਆਰੀ ਬਣਾਉਣ ਦੇ ਉਪਰਾਲੇ ਤਹਿਤ ਮਗਸੀਪਾ ਦੇ ਮਾਰਗ ਦਰਸ਼ਨ ਹੇਠ ਸਕੂਲ ਸਿੱਖਿਆ ਵਿਭਾਗ ਦੇ ਸਿਟੀਜ਼ਨ ਚਾਰਟਰ ਨੂੰ ਲੋਕ-ਅਰਪਣ ਕੀਤਾ ਗਿਆ। ਇਸ ਮੌਕੇ ਸਿੱਖਿਆ ਮੰਤਰੀ ਡਾ: ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਸਿੱਖਿਆ ਵਿਭਾਗ ਆਪਣੇ ਨਾਗਰਿਕਾਂ ਨੂੰ ਮਿਆਰੀ ਤੇ ਸਮਾਂਬੱਧ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਮਾਨਵ ਮੰਗਲ ਸਕੂਲ ਮੋਹਾਲੀ ਵਿਖੇ ਸਿੱਖਿਆ ਮੰਤਰੀ ਡਾ: ਦਲਜੀਤ ਸਿੰਘ ਚੀਮਾ ਨੇ ਪ੍ਰਮੁੱਖ ਸਕੱਤਰ ਸਕੂਲ ਸਿੱਖਿਆ ਅੰਜਲੀ ਭਾਵੜਾ, ਡਾਇਰੈਕਟਰ ਸਿੱਖਿਆ (ਸ. ਸ) ਡਾ: ਕਮਲ ਗਰਗ, ਡਾਇਰੈਕਟਰ ਸਿੱਖਿਆ (ਐ. ਸ) ਦਰਸ਼ਨ ਕੌਰ, ਡਾਇਰੈਕਟਰ ਐਸ. ਸੀ. ਈ. ਆਰ. ਟੀ. ਪੰਕਜ ਸ਼ਰਮਾ, ਚੇਅਰਪਰਸਨ ਪੰਜਾਬ ਸਕੂਲ ਸਿੱਖਿਆ ਬੋਰਡ ਤੇਜਿੰਦਰ ਕੌਰ ਧਾਲੀਵਾਲ, ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿ. ਅਤੇ ਐ. ਸਿ.), ਵਿਭਾਗ ਦੇ ਹੋਰ ਅਧਿਕਾਰੀਆਂ ਤੇ ਕਰਮਚਾਰੀਆਂ, ਸਕੂਲ ਮੁਖੀਆਂ, ਅਧਿਆਪਕਾਂ ਤੇ ਨਾਗਰਿਕਾਂ ਦੀ ਮੌਜੂਦਗੀ 'ਚ ਸਿਟੀਜ਼ਨ ਚਾਰਟਰ ਦੀ ਘੁੰਡ ਚੁੱਕਾਈ ਦੀ ਰਸਮ ਅਦਾ ਕੀਤੀ। ਡਾ: ਗੁਰਜੀਤ ਸਿੰਘ ਜ਼ਿਲ੍ਹਾ ਸਿੱਖਿਆ ਅਫਸਰ ਐਸ ਏ ਐਸ ਨਗਰ ਨੇ ਦੱਸਿਆ ਕਿ ਸਿਟੀਜ਼ਨ ਚਾਰਟਰ 'ਚ 'ਸ਼ਿਕਾਇਤ ਨਿਵਾਰਨ ਮੈਕੇਨਿਜ਼ਮ' ਦਾ ਇਕ ਪੂਰਾ ਅਧਿਆਏ ਦਰਜ ਹੈ ਜੋ ਕਿ ਨਾਗਰਿਕਾਂ ਨੂੰ ਕਿਸੇ ਸੇਵਾ ਦੇ ਪ੍ਰਤੀ ਸ਼ਿਕਾਇਤ ਹੋਣ ਦੀ ਸੂਰਤ 'ਚ ਸਬੰਧਿਤ ਸ਼ਿਕਾਇਤ ਦੇ ਨਿਵਾਰਨ ਦੀ ਪੂਰੀ ਪ੍ਰਕਿਰਿਆ ਬਾਰੇ ਜਾਣੂ ਕਰਵਾਉਂਦਾ ਹੈ। ਉਨ੍ਹਾਂ ਦੱਸਿਆ ਕਿ ਸਿਟੀਜ਼ਨ ਚਾਰਟਰ ਨੂੰ ਸਕੂਲ ਸਿੱਖਿਆ ਵਿਭਾਗ ਦੀ ਵੈੱਬਸਾਈਟ www.ssapunjab.org 'ਤੇ ਆਨਲਾਈਨ ਵੀ ਜਾਰੀ ਕੀਤਾ ਗਿਆ ਹੈ।